ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਹੁਸ਼ਿਆਰਪੁਰ

I/18569/2020

ਪ੍ਰੈਸ ਨੋਟ-1

-ਕੋਵਿਡ-19 ; ਕਿਸੇ ਵੀ ਲੋੜਵੰਦ ਨੂੰ ਜ਼ਰੂਰੀ ਸਹੂਲਤਾਂ ਤੋਂ ਵਾਂਝਾ ਨਹੀਂ ਰਹਿਣ ਦਿੱਤਾ ਜਾਵੇਗਾ : ਡਿਪਟੀ ਕਮਿਸ਼ਨਰ

-ਕਿਹਾ, ਪੰਜਾਬ ਸਰਕਾਰ ਵਲੋਂ ਪਿੰਡਾਂ ਅਤੇ ਸ਼ਹਿਰਾਂ 'ਚ ਵੱਖ-ਵੱਖ ਸੰਸਥਾਵਾਂ ਦੇ ਸਹਿਯੋਗ ਨਾਲ ਹੁਣ ਤੱਕ ਮੁਹੱਈਆ ਕਰਵਾਏ ਗਏ ਹਨ 1,70,762 ਰਾਸ਼ਨ ਦੇ ਪੈਕੇਟ ਅਤੇ 3,63,445 ਕੁਕਡ ਫੂਡ ਦੇ ਪੈਕੇਟ

-ਜ਼ਿਲ੍ਹੇ ਦੇ 403 ਪਿੰਡਾਂ ਦੇ ਲਾਭਪਾਤਰੀਆਂ ਨੂੰ ਮੁਹੱਈਆ ਕਰਵਾਈ ਗਈ ਹੈ 31,040 ਕੁਇੰਟਲ ਕਣਕ

-ਹੁਣ ਤੱਕ ਜ਼ਿਲ੍ਹੇ ਦੇ 99 ਸਰਪੰਚਾਂ ਵਲੋਂ ਜ਼ਰੂਰਤਮੰਦਾਂ ਦੀ ਮਦਦ ਲਈ ਖਰਚੇ ਗਏ ਹਨ ਕਰੀਬ 12 ਲੱਖ ਰੁਪਏ

ਹੁਸ਼ਿਆਰਪੁਰ, 16 ਅਪ੍ਰੈਲ:

ਡਿਪਟੀ ਕਮਿਸ਼ਨਰ ਸ੍ਰੀਮਤੀ ਅਪਨੀਤ ਰਿਆਤ ਨੇ ਦੱਸਿਆ ਕਿ ਕੋਵਿਡ-19 ਦੇ ਪ੍ਰਭਾਵ ਨੂੰ ਫੈਲਣ ਤੋਂ ਰੋਕਣ ਲਈ ਲਗਾਏ ਗਏ ਕਰਫਿਊ ਦੌਰਾਨ ਪਿੰਡਾਂ ਅਤੇ ਸ਼ਹਿਰਾਂ ਵਿੱਚ ਲੋੜਵੰਦਾਂ ਨੂੰ ਜ਼ਰੂਰੀ ਸਹੂਲਤਾਂ ਤੋਂ ਵਾਂਝਾ ਨਹੀਂ ਰਹਿਣ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਵੱਖ-ਵੱਖ ਸੰਸਥਾਵਾਂ ਦੇ ਸਹਿਯੋਗ ਨਾਲ ਲੋੜਵੰਦਾਂ ਤੱਕ ਜਿਥੇ ਰਾਸ਼ਨ ਦੇ ਪੈਕੇਟ ਮੁਹੱਈਆ ਕਰਵਾਏ ਜਾ ਰਹੇ ਹਨ, ਉਥੇ ਬਣਿਆ ਹੋਇਆ ਖਾਣਾ ਵੀ ਉਪਲਬੱਧ ਕਰਵਾਇਆ ਜਾ ਰਿਹਾ ਹੈ। ਇਸ ਤੋਂ ਇਲਾਵਾ ਸੂਬਾ ਸਰਕਾਰ ਦੀ ਮੁਫ਼ਤ ਰਾਸ਼ਨ ਸਕੀਮ ਤਹਿਤ ਪਿੰਡਾਂ ਵਿੱਚ ਮੁਫ਼ਤ ਕਣਕ ਵੀ ਵੰਡੀ ਜਾ ਰਹੀ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਲੋਕਡਾਊਨ ਦੇ ਸ਼ੁਰੂ ਹੋਣ ਤੋਂ ਹੁਣ ਤੱਕ ਲੋੜਵੰਦਾਂ ਨੂੰ 1,70,762 ਰਾਸ਼ਨ ਦੇ ਪੈਕੇਟ ਮੁਹੱਈਆ ਕਰਵਾਏ ਜਾ ਚੁੱਕੇ ਹਨ ਅਤੇ 3,63,445 ਬਣੇ ਖਾਣੇ ਦੇ ਪੈਕੇਟ ਵੀ ਉਪਲਬੱਧ ਕਰਵਾਏ ਗਏ ਹਨ। ਉਨ੍ਹਾਂ ਕਿਹਾ ਕਿ ਪ੍ਰਵਾਸੀ ਮਜ਼ਦੂਰਾਂ ਤੋਂ ਇਲਾਵਾ ਜੰਮੂ-ਕਸ਼ਮੀਰ ਨਾਲ ਸਬੰਧਤ 107 ਵਿਅਕਤੀ ਅਤੇ ਗੁੱਜਰ ਭਾਈਚਾਰੇ ਦੇ 6 ਪਰਿਵਾਰਾਂ ਨੂੰ ਜ਼ਿਲ੍ਹਾ ਪ੍ਰਸ਼ਾਸ਼ਨ ਵਲੋਂ ਜ਼ਰੂਰੀ ਸਹੂਲਤਾਂ ਯਕੀਨੀ ਬਣਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਕਰਫਿਊ ਦੌਰਾਨ ਪੰਜਾਬ ਸਰਕਾਰ ਵਲੋਂ ਸਰਪੰਚਾਂ ਨੂੰ ਪਿੰਡ ਦੇ ਜ਼ਰੂਰਤਮੰਦਾਂ ਦੀ ਮਦਦ ਲਈ ਜੋ ਖਰਚਾ ਕਰਨ ਦੀ ਪ੍ਰਵਾਨਗੀ ਦਿੱਤੀ ਗਈ ਹੈ, ਉਸ ਤਹਿਤ ਜ਼ਿਲ੍ਹੇ ਦੇ 99 ਪਿੰਡਾਂ ਵਲੋਂ ਕਰੀਬ 12 ਲੱਖ ਰੁਪਏ ਖਰਚੇ ਗਏ ਹਨ।

ਡਿਪਟੀ ਕਮਿਸ਼ਨਰ ਸ੍ਰੀਮਤੀ ਅਪਨੀਤ ਰਿਆਤ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਲੋੜਵੰਦਾਂ ਨੂੰ ਮੁਫ਼ਤ ਰਾਸ਼ਨ ਦੀ ਸਹੂਲਤ ਮੁਹੱਈਆ ਕਰਵਾਈ ਜਾ ਰਹੀ ਹੈ ਅਤੇ ਕਰਫਿਊ ਦੌਰਾਨ ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈਜ਼ ਵਿਭਾਗ ਵਲੋਂ ਹੁਣ ਤੱਕ 403 ਪਿੰਡ ਕਵਰ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ 403 ਪਿੰਡਾਂ ਵਿੱਚ 31,040 ਕੁਇੰਟਲ ਕਣਕ ਲਾਭਪਾਤਰੀਆਂ ਨੂੰ ਸੌਂਪੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਮੁਫ਼ਤ ਰਾਸ਼ਨ ਦੀ ਸਹੂਲਤ ਤਹਿਤ ਇਕ ਵਿਅਕਤੀ ਨੂੰ 30 ਕਿਲੋ ਦੇ ਹਿਸਾਬ ਨਾਲ 6 ਮਹੀਨੇ ਦੀ ਕਣਕ ਦਿੱਤੀ ਜਾ ਰਹੀ ਹੈ, ਜਿਸ ਤਹਿਤ ਇਕ ਲਾਭਪਾਤਰੀ ਦੀ ਕਣਕ 1 ਕੁਇੰਟਲ 80 ਕਿਲੋ ਬਣਦੀ ਹੈ। ਇਸ ਤੋਂ ਇਲਾਵਾ ਅਣਤੋਦਿਆ ਸਕੀਮ ਤਹਿਤ ਇਕ ਪਰਿਵਾਰ ਨੂੰ 35 ਕਿਲੋ ਦੇ ਹਿਸਾਬ ਨਾਲ 6 ਮਹੀਨੇ ਦੀ ਕਣਕ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਕਰਫਿਊ ਤੋਂ ਪਹਿਲਾਂ ਵੀ ਜ਼ਿਲ੍ਹੇ ਦੇ ਖੁਰਾਕ ਤੇ ਸਿਵਲ ਸਪਲਾਈਜ਼ ਵਿਭਾਗ ਵਲੋਂ ਜ਼ਿਲ੍ਹੇ ਦੇ ਕਰੀਬ 1000 ਪਿੰਡਾਂ ਨੂੰ 1,83,933 ਕੁਇੰਟਲ ਕਣਕ ਦੀ ਵੰਡ ਕੀਤੀ ਜਾ ਚੁੱਕੀ ਹੈ।

ਸ੍ਰੀਮਤੀ ਅਪਨੀਤ ਰਿਆਤ ਨੇ ਦੱਸਿਆ ਕਿ ਜ਼ਰੂਰਤਮੰਦਾਂ ਦੀ ਮਦਦ ਲਈ ਜ਼ਿਲ੍ਹਾ ਪੱਧਰ 'ਤੇ ਕੰਟਰੋਲ ਰੂਮ ਵੀ ਸਥਾਪਿਤ ਕੀਤਾ ਗਿਆ ਹੈ, ਜਿਥੇ ਹੁਣ ਤੱਕ ਕਰੀਬ 6 ਹਜ਼ਾਰ ਸਮੱਸਿਆਵਾਂ ਦਾ ਨਿਪਟਾਰਾ ਕੀਤਾ ਜਾ ਚੁੱਕਾ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵਿਅਕਤੀ ਨੂੰ ਕੋਈ ਸਮੱਸਿਆ ਹੈ, ਤਾਂ ਉਹ ਕੰਟਰੋਲ ਰੂਮ ਦੇ ਨੰਬਰਾਂ 01882-220412 ਅਤੇ 98148-53692 'ਤੇ ਸੰਪਰਕ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਕਰਫਿਊ ਦੌਰਾਨ ਜ਼ਿਲ੍ਹਾ ਵਾਸੀਆਂ ਨੂੰ ਸੁਵਿਧਾ ਪੱਖੋਂ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।

I/18582/2020

ਪ੍ਰੈਸ ਨੋਟ-2

-ਕਿਸਾਨਾਂ ਨੂੰ ਤੂੜੀ ਬਣਾਉਣ ਲਈ ਰੀਪਰ ਦੀ ਵਰਤੋਂ ਦੀ ਛੋਟ

ਹੁਸ਼ਿਆਰਪੁਰ, 16 ਅਪ੍ਰੈਲ :

ਜ਼ਿਲ੍ਹਾ ਮੈਜਿਸਟ੍ਰੇਟ-ਕਮ-ਡਿਪਟੀ ਕਮਿਸ਼ਨਰ ਸ਼੍ਰੀਮਤੀ ਅਪਨੀਤ ਰਿਆਤ ਨੇ ਕਣਕ ਦੀ ਕਟਾਈ ਦੇ ਮੱਦੇਨਜ਼ਰ ਤੂੜੀ ਬਣਾਉਣ ਲਈ ਰੀਪਰ ਦੀ ਵਰਤੋਂ ਕਰਨ ਦੀ ਛੋਟ ਦਿੱਤੀ ਹੈ, ਤਾਂ ਜੋ ਕਣਕ ਦੀ ਫ਼ਸਲ ਅਤੇ ਨਾੜ ਨੂੰ ਅੱਗ ਤੋਂ ਬਚਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਇਸ ਕੰਮ ਦੌਰਾਨ ਮੌਜੂਦਾ ਵਿਅਕਤੀ ਆਪਸੀ ਦੋ ਮੀਟਰ ਦੀ ਦੂਰੀ ਬਰਕਰਾਰ ਰੱਖਣ।

ਜ਼ਿਲ੍ਹਾ ਮੈਜਿਸਟ੍ਰੇਟ ਨੇ ਜਾਰੀ ਆਦੇਸ਼ ਵਿੱਚ ਸਪੱਸ਼ਟ ਕੀਤਾ ਹੈ ਕਿ ਕਣਕ ਦੀ ਕਟਾਈ ਦੇ ਸਮੇਂ ਕਿਸਾਨਾਂ ਵਲੋਂ ਜੇਕਰ ਹੱਥ ਨਾਲ ਕਟਾਈ ਦਾ ਕੰਮ ਕੀਤਾ ਜਾਵੇਗਾ, ਤਾਂ ਉਹ ਉਸ ਸਮੇਂ 10 ਤੋਂ ਵੱਧ ਵਿਅਕਤੀ ਮੌਜੂਦ ਨਹੀਂ ਹੋਣਗੇ ਅਤੇ ਆਪਸ ਵਿੱਚ ਘੱਟੋ-ਘੱਟ 2 ਮੀਟਰ ਦੀ ਦੂਰੀ ਬਣਾ ਕੇ ਰੱਖਣਗੇ। ਉਨ੍ਹਾਂ ਹਦਾਇਤ ਕਰਦਿਆਂ ਕਿਹਾ ਕਿ ਇਸ ਦੌਰਾਨ ਕਿਸਾਨ ਤੇ ਮਜ਼ਦੂਰ ਮਾਸਕ ਪਹਿਨਣਾ, ਹੱਥਾਂ ਦੀ ਸਾਫ-ਸਫਾਈ ਅਤੇ ਸੈਨੇਟਾਈਜਰ ਦਾ ਪ੍ਰਯੋਗ ਯਕੀਨੀ ਬਣਾਉਣਗੇ। ਉਨ੍ਹਾਂ ਕਿਹਾ ਕਿ ਖੇਤੀ ਦੇ ਕੰਮਾਂ ਲਈ ਕਰਫ਼ਿਊ/ਲੌਕਡਾਊਨ ਪਾਸ ਜਾਰੀ ਕਰਨ ਦਾ ਅਧਿਕਾਰ ਮੁੱਖ ਖੇਤੀਬਾੜੀ ਅਫ਼ਸਰ ਹੁਸ਼ਿਆਰਪੁਰ ਨੂੰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪਹਿਲਾਂ 7 ਅਪ੍ਰੈਲ ਤੋਂ ਜਾਰੀ ਕੀਤੇ ਕਣਕ ਦੀ ਕਟਾਈ ਸਬੰਧੀ ਜਾਰੀ ਕੀਤੇ ਆਦੇਸ਼ਾਂ ਦੀ ਲਗਾਤਾਰਤਾ ਵਿੱਚ ਇਸ ਛੋਟ ਵਿੱਚ ਵਾਧਾ ਕੀਤਾ ਗਿਆ ਹੈ।

I/18595/2020

ਪ੍ਰੈਸ ਨੋਟ-3

-ਜ਼ਿਲ੍ਹਾ ਮੈਜਿਸਟਰੇਟ ਨੇ ਕਣਕ ਦੀ ਰਹਿੰਦ-ਖੂੰਹਦ/ਨਾੜ ਨੂੰ ਅੱਗ ਲਾਉਣ 'ਤੇ ਲਗਾਈ ਪਾਬੰਦੀ

- ਸ਼ਾਮ 7 ਵਜੇ ਤੋਂ ਸਵੇਰੇ 6 ਵਜੇ ਤੱਕ ਕੰਬਾਇਨਾਂ ਨਾਲ ਕਣਕ ਦੀ ਕਟਾਈ 'ਤੇ ਵੀ ਲਗਾਈ ਪਾਬੰਦੀ

ਹੁਸ਼ਿਆਰਪੁਰ, 16 ਅਪ੍ਰੈਲ:

ਜ਼ਿਲ੍ਹਾ ਮੈਜਿਸਟ੍ਰੇਟ-ਕਮ-ਡਿਪਟੀ ਕਮਿਸ਼ਨਰ ਸ੍ਰੀਮਤੀ ਅਪਨੀਤ ਰਿਆਤ ਨੇ ਫੌਜਦਾਰੀ ਜਾਬਤਾ ਸੰਘ 1973 (1974 ਦਾ ਐਕਟ ਨੰਬਰ-2) ਦੀ ਧਾਰਾ 144 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਹੁਸ਼ਿਆਰਪੁਰ ਵਿਚ ਕਣਕ ਦੀ ਰਹਿੰਦ-ਖੂੰਹਦ/ਨਾੜ ਨੂੰ ਅੱਗ ਲਾ ਕੇ ਸਾੜਨ 'ਤੇ ਪਾਬੰਦੀ ਲਗਾ ਦਿੱਤੀ ਹੈ। ਜਾਰੀ ਕੀਤੇ ਇਸ ਹੁਕਮ ਵਿਚ ਉਨ੍ਹਾਂ ਕਿਹਾ ਕਿ ਰੱਬੀ ਸੀਜ਼ਨ ਸਾਲ 2020 ਦਾ ਕਣਕ ਦੀ ਕਟਾਈ ਦਾ ਸੀਜ਼ਨ ਸ਼ੁਰੂ ਹੋ ਗਿਆ ਹੈ। ਇਹ ਆਮ ਦੇਖਣ ਵਿੱਚ ਆਉਂਦਾ ਹੈ ਕਿ ਸਬੰਧਤ ਮਾਲਕਾਂ ਵਲੋਂ ਅੱਗ ਲਾਉਣ ਦੀ ਪ੍ਰਥਾ ਹੋਣ ਕਰਕੇ ਕਣਕ ਦੀ ਰਹਿੰਦ-ਖੂਹੰਦ/ਨਾੜ ਨੂੰ ਅੱਗ ਲਗਾ ਦਿੱਤੀ ਜਾਂਦੀ ਹੈ, ਜਿਸ ਨਾਲ ਜਾਨੀ ਅਤੇ ਮਾਲੀ ਨੁਕਸਾਨ ਹੋਣ ਦੀ ਸੰਭਾਵਨਾ ਬਣੀ ਰਹਿੰਦੀ ਹੈ । ਉਨ੍ਹਾਂ ਕਿਹਾ ਕਿ ਇਸ ਨਾਲ ਪਿੰਡਾਂ ਵਿੱਚ ਲੜਾਈ ਝਗੜਾ ਹੋਣ ਦਾ ਡਰ ਰਹਿੰਦਾ ਹੈ ਅਤੇ ਪ੍ਰਦੂਸ਼ਣ ਨਾਲ ਸਾਹ ਦੀਆਂ ਬਿਮਾਰੀਆਂ ਵੀ ਹੋ ਸਕਦੀਆਂ ਹਨ। ਇਸ ਤੋਂ ਇਲਾਵਾ ਅੱਗ ਲਗਾਉਣ ਨਾਲ ਜ਼ਮੀਨ ਲਈ ਉਪਯੋਗੀ ਜੀਵਕ ਮਾਦਾ ਨੂੰ ਨੁਕਸਾਨ ਕਾਰਨ ਜ਼ਮੀਨ ਦੀ ਉਪਜਾਊ ਸ਼ਕਤੀ ਘਟ ਜਾਂਦੀ ਹੈ ਅਤੇ ਜ਼ਮੀਨ ਦੀ ਉਪਰਲੀ ਸਤ੍ਹਾ ਵਿੱਚ ਮੌਜੂਦ ਕਈ ਲਾਭਦਾਇਕ ਜੀਵਾਣੂ ਵੀ ਮਰ ਜਾਂਦੇ ਹਨ। ਇਸ ਨਾਲ ਸਿੱਧਾ ਨੁਕਸਾਨ ਕਿਸਾਨਾਂ ਨੂੰ ਹੁੰਦਾ ਹੈ ਅਤੇ ਉਸ ਦਾ ਅਸਿੱਧੇ ਤੌਰ 'ਤੇ ਅਸਰ ਦੇਸ਼ ਦੇ ਉਤਪਾਦਨ 'ਤੇ ਪੈਂਦਾ ਹੈ। ਇਸ ਦੇ ਮੱਦੇਨਜ਼ਰ ਜ਼ਿਲ੍ਹੇ ਵਿੱਚ ਫ਼ਸਲ ਦੀ ਰਹਿੰਦ-ਖੂਹੰਦ/ ਨਾੜ ਨੂੰ ਅੱਗ ਲਾ ਕੇ ਸਾੜਨ 'ਤੇ ਪਾਬੰਦੀ ਲਗਾਈ ਜਾਂਦੀ ਹੈ।

ਦੂਜੇ ਹੁਕਮ ਵਿੱਚ ਜ਼ਿਲ੍ਹਾ ਮੈਜਿਸਟਰੇਟ ਨੇ ਜ਼ਿਲ੍ਹੇ ਵਿੱਚ ਸ਼ਾਮ 7 ਵਜੇ ਤੋਂ ਸਵੇਰੇ 6 ਵਜੇ ਤੱਕ ਕੰਬਾਇਨਾਂ ਨਾਲ ਕਣਕ ਕੱਟਣ 'ਤੇ ਵੀ ਪਾਬੰਦੀ ਲਗਾ ਦਿੱਤੀ ਹੈ। ਜਾਰੀ ਕੀਤੇ ਹੁਕਮ ਵਿੱਚ ਉਨ੍ਹਾਂ ਕਿਹਾ ਕਿ ਇਹ ਵੇਖਣ ਵਿੱਚ

ਆਉਂਦਾ ਹੈ ਕਿ ਕਣਕ ਨੂੰ ਕੱਟਣ ਲਈ ਕੰਬਾਇਨਾਂ 24 ਘੰਟੇ ਕੰਮ ਕਰਦੀਆਂ ਹਨ। ਇਹ ਕੰਬਾਇਨਾਂ ਰਾਤ ਵੇਲੇ ਤਰੇਲ ਪੈਣ ਕਾਰਨ ਗਿੱਲੀ ਹੋਈ ਕਣਕ ਕੱਟ ਦਿੰਦੀਆਂ ਹਨ। ਇਸ ਤਰ੍ਹਾਂ ਕਣਕ ਵਿੱਚ ਨਮੀ ਸਰਕਾਰ ਦੀ ਨਿਰਧਾਰਤ ਮਾਪਦੰਡਾ ਤੋਂ ਵਧਣ ਦੀ ਸੰਭਾਵਨਾ ਹੁੰਦੀ ਹੈ ਅਤੇ ਖਰੀਦ ਏਜੰਸੀਆਂ ਕਣਕ ਨੂੰ ਖਰੀਦਣ ਤੋਂ ਅਸਮੱਰਥ ਹੁੰਦੀਆਂ ਹਨ, ਜਿਸ ਨਾਲ ਕਿਸਾਨਾਂ ਨੂੰ ਕਣਕ ਵੇਚਣ ਲਈ ਮੰਡੀਆਂ ਵਿੱਚ ਬਿਨ੍ਹਾਂ ਵਜ੍ਹਾ ਖੱਜਲ ਹੋਣਾ ਪੈਂਦਾ ਹੈ। ਇਹ ਦੋਵੇਂ ਹੁਕਮ 15 ਜੂਨ 2020 ਤੱਕ ਲਾਗੂ ਰਹਿਣਗੇ।

ਪ੍ਰੈਸ ਨੋਟ-4

I/18637/2020

- ਕੋਵਿਡ-19; ਹੁਣ ਤੱਕ ਲਏ 315 ਸੈਂਪਲਾਂ 'ਚੋਂ 274 ਨੈਗੇਟਿਵ : ਸਿਵਲ ਸਰਜਨ

-ਕਿਹਾ, 15 ਦਿਨਾਂ ਤੋਂ ਕੋਈ ਵੀ ਪੋਜ਼ਟਿਵ ਕੇਸ ਨਹੀਂ ਆਇਆ ਸਾਹਮਣੇ

ਹੁਸ਼ਿਆਰਪੁਰ, 16 ਅਪ੍ਰੈਲ :

ਸਿਵਲ ਸਰਜਨ ਡਾ. ਜਸਵੀਰ ਸਿੰਘ ਨੇ ਦੱਸਿਆ ਕਿ ਸਿਹਤ ਵਿਭਾਗ ਵਲੋਂ ਕੋਵਿਡ-19 ਸਬੰਧੀ ਹੁਣ ਤੱਕ 315 ਸੈਂਪਲ ਲਏ ਗਏ ਹਨ, ਜਿਨ੍ਹਾਂ ਵਿਚੋਂ 274 ਸੈਂਪਲਾਂ ਦੀ ਰਿਪੋਰਟ ਨੈਗੇਟਿਵ ਆਈ ਹੈ ਅਤੇ 24 ਸੈਂਪਲਾਂ ਦੀ ਰਿਪੋਰਟ ਆਉਣੀ ਅਜੇ ਬਾਕੀ ਹੈ। ਉਨ੍ਹਾਂ ਦੱਸਿਆ ਕਿ 15 ਦਿਨਾਂ ਤੋਂ ਜ਼ਿਲ੍ਹੇ ਵਿੱਚ ਕੋਈ ਵੀ ਪੋਜ਼ੀਟਿਵ ਕੇਸ ਸਾਹਮਣੇ ਨਹੀਂ ਆਇਆ, ਜੋ ਜ਼ਿਲ੍ਹੇ ਲਈ ਚੰਗੀ ਖਬਰ ਹੈ। ਉਨ੍ਹਾਂ ਕਿਹਾ ਕਿ ਬੀਤੇ ਦਿਨ ਜੋ ਵਿਅਕਤੀ ਆਈਸੋਲੇਸ਼ਨ ਵਾਰਡ ਵਿਚੋਂ ਦੌੜਿਆ ਸੀ, ਉਸਨੂੰ ਪਿੰਡ ਕੋਡਲਾ, ਥਾਣਾ ਮਾਹਿਲਪੁਰ ਤੋਂ ਫੜ ਲਿਆ ਗਿਆ ਹੈ ਅਤੇ ਆਈਸੋਲੇਸ਼ਨ ਵਾਰਡ ਵਿੱਚ ਭਰਤੀ ਕਰ ਲਿਆ ਗਿਆ ਹੈ। ਯੂਸਫ ਖਾਨ ਨੂੰ ਸ਼ੱਕੀ ਲੱਛਣਾਂ ਕਰਕੇ 6 ਅਪ੍ਰੈਲ ਨੂੰ ਦਸੂਹਾ ਤੋਂ ਲਿਆਂਦਾ ਗਿਆ ਸੀ। ਇਸ ਦੇ ਸੈਂਪਲ ਦੀ ਰਿਪੋਰਟ ਆਉਣੀ ਅਜੇ ਬਾਕੀ ਹੈ।

ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਹੁਣ ਤੱਕ 6 ਵਿਅਕਤੀਆਂ ਦੇ ਸੈਂਪਲ ਹੀ ਪੋਜ਼ੀਟਿਵ ਆਏ ਹਨ, ਜਿਨ੍ਹਾਂ ਵਿੱਚੋਂ ਪਿੰਡ ਮੋਰਾਂਵਾਲੀ ਦੇ ਇਕ ਪੋਜ਼ੀਟਿਵ ਮਰੀਜ਼ ਦੀ ਮੈਡੀਕਲ ਕਾਲਜ ਅੰਮ੍ਰਿਤਸਰ ਵਿਖੇ ਪਿਛਲੇ ਦਿਨੀਂ ਮੌਤ ਹੋ ਚੁੱਕੀ ਹੈ ਅਤੇ ਇਸ ਵਿਅਕਤੀ ਦਾ ਪੁੱਤਰ, ਜੋ ਪੋਜ਼ੀਟਵ ਸੀ ਉਹ ਬਿਲਕੁੱਲ ਠੀਕ ਹੋ ਗਿਆ ਹੈ ਅਤੇ ਘਰ ਭੇਜ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਦੀਆਂ ਟੀਮਾਂ ਵਲੋਂ ਪੋਜ਼ੀਟਿਵ ਆਏ ਮਰੀਜ਼ਾਂ ਦੇ ਸੰਪਰਕ ਵਿੱਚ ਆਉਣ ਵਾਲੇ ਵਿਅਕਤੀਆਂ ਨੂੰ ਇਕਾਂਤਵਾਸ ਵਿੱਚ ਰੱਖਿਆ ਜਾ ਰਿਹਾ ਹੈ।

ਡਾ. ਜਸਵੀਰ ਸਿੰਘ ਨੇ ਅਪੀਲ ਕਰਦਿਆਂ ਕਿਹਾ ਕਿ ਜ਼ਿਲ੍ਹਾ ਵਾਸੀਆਂ ਨੂੰ ਘਬਰਾਉਣ ਦੀ ਕੋਈ ਲੋੜ ਨਹੀਂ ਹੈ, ਕਿਉਂਕਿ 80 ਫੀਸਦੀ ਤੱਕ ਪੋਜ਼ੀਟਿਵ ਕੇਸ ਇਕਾਂਤਵਾਸ ਵਿੱਚ ਰਹਿ ਕੇ ਹੀ ਠੀਕ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਖਾਂਸੀ, ਜ਼ੁਕਾਮ ਅਤੇ ਬੁਖਾਰ ਆਦਿ ਲੱਛਣ ਵਾਲੇ ਵਿਅਕਤੀ ਤੁਰੰਤ ਆਪਣੇ ਨੇੜਲੇ ਸਿਹਤ ਕੇਂਦਰ ਸੰਪਰਕ ਕਰਨ। ਉਨ੍ਹਾਂ ਕਿਹਾ ਕਿ ਜਾਗਰੂਕਤਾ ਅਤੇ ਸਾਵਧਾਨੀਆਂ ਵਰਤਕੇ ਇਸ ਵਾਇਰਸ ਤੋਂ ਬਚਿਆ ਜਾ ਸਕਦਾ ਹੈ, ਇਸ ਲਈ ਹੱਥਾਂ ਦੀ ਸਫਾਈ ਅਤੇ ਪੌਸ਼ਟਿਕ ਖੁਰਾਕ ਯਕੀਨੀ ਬਣਾਈ ਜਾਵੇ।